ਬਸੰਤੁ ਮਹਲਾ ੩ ॥ ਬਿਨੁ ਕਰਮਾ ਸਭ ਭਰਮਿ ਭੁਲਾਈ ॥ ਮਾਇਆ ਮੋਹਿ ਬਹੁਤੁ ਦੁਖੁ ਪਾਈ ॥ ਮਨਮੁਖ ਅੰਧੇ ਠਉਰ ਨ ਪਾਈ ॥ ਬਿਸਟਾ ਕਾ ਕੀੜਾ ਬਿਸਟਾ ਮਾਹਿ ਸਮਾਈ ॥ ੧॥ ਹੁਕਮੁ ਮੰਨੇ ਸੋ ਜਨੁ ਪਰਵਾਣੁ ॥ ਗੁਰ ਕੈ ਸਬਦਿ ਨਾਮਿ ਨੀਸਾਣੁ ॥ ੧॥ ਰਹਾਉ ॥ ਸਾਚਿ ਰਤੇ ਜਿਨ੍ਹਾ ਧੁਰਿ ਲਿਖਿ ਪਾਇਆ ॥ ਹਰਿ ਕਾ ਨਾਮੁ ਸਦਾ ਮਨਿ ਭਾਇਆ ॥ ਸਤਿਗੁਰ ਕੀ ਬਾਣੀ ਸਦਾ ਸੁਖੁ ਹੋਇ ॥ ਜੋਤੀ ਜੋਤਿ ਮਿਲਾਏ ਸੋਇ ॥੨॥ ਏਕੁ ਨਾਮੁ ਤਾਰੇ ਸੰਸਾਰੁ ॥ ਗੁਰ ਪਰਸਾਦੀ ਨਾਮ ਪਿਆਰੁ ॥ ਬਿਨੁ ਨਾਮੈ ਮੁਕਤਿ ਕਿਨੈ ਨ ਪਾਈ ॥ ਪੂਰੇ ਗੁਰ ਤੇ ਨਾਮੁ ਪਲੈ ਪਾਈ ॥ ੩॥ ਸੋ ਬੂਝੈ ਜਿਸੁ ਆਪਿ ਬੁਝਾਏ ॥ ਸਤਿਗੁਰ ਸੇਵਾ ਨਾਮੁ ਦ੍ਰਿੜ੍ਹਾਏ ॥ ਜਿਨ ਇਕੁ ਜਾਤਾ ਸੇ ਜਨ ਪਰਵਾਣੁ ॥ ਨਾਨਕ ਨਾਮਿ ਰਤੇ ਦਰਿ ਨੀਸਾਣੁ ॥੪॥੧੦॥ {ਪੰਨਾ 1175}

ਪਦਅਰਥ:- ਕਰਮਾ—ਕਰਮ, ਬਖ਼ਸ਼ਸ਼, ਮਿਹਰ। ਸਭ—ਸਾਰੀ ਲੁਕਾਈ। ਭਰਮਿ—ਭਟਕਣਾ ਨੇ। ਭੁਲਾਈ—ਕੁਰਾਹੇ ਪਾ ਦਿੱਤਾ ਹੈ। ਮੋਹਿ—ਮੋਹ ਵਿਚ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਅੰਧੇ—(ਆਤਮਕ ਜੀਵਨ ਵਲੋਂ) ਅੰਨ੍ਹੇ। ਠਉਰ—ਸ਼ਾਂਤੀ ਦਾ ਟਿਕਾਣਾ।1।

ਪਰਵਾਣੁ—(ਪ੍ਰਭੂ ਦੇ ਦਰ ਤੇ) ਕਬੂਲ। ਕੈ ਸਬਦਿ—ਦੇ ਸ਼ਬਦ ਵਿਚ। ਨਾਮਿ—ਨਾਮ ਵਿਚ। ਨੀਸਾਣੁ—ਪਰਵਾਨਾ, ਰਾਹਦਾਰੀ, ਆਦਰ।1। ਰਹਾਉ।

ਸਾਚਿ—ਸਦਾ-ਥਿਰ ਹਰਿ-ਨਾਮ ਵਿਚ। ਰਤੇ—ਰੰਗੇ ਹੋਏ। ਧੁਰਿ—ਧੁਰ ਦਰਗਾਹ ਤੋਂ। ਲਿਖਿ—ਲਿਖ ਕੇ। ਮਨਿ—ਮਨਿ ਵਿਚ। ਭਾਇਆ—ਪਿਆਰਾ ਲੱਗਾ। ਜੋਤੀ—ਪ੍ਰਭੂ ਦੀ ਜੋਤਿ ਵਿਚ। ਜੋਤਿ—ਜੀਵਾਤਮਾ।2।

ਤਾਰੇ—ਪਾਰ ਲੰਘਾਂਦਾ ਹੈ। ਪਰਸਾਦੀ—ਕਿਰਪਾ ਨਾਲ। ਨਾਮ ਪਿਆਰੁ—ਨਾਮ ਦਾ ਪਿਆਰ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਤੇ—ਤੋਂ। ਪਲੈ ਪਾਈ—ਪ੍ਰਾਪਤ ਕਰਦਾ ਹੈ।3।

ਬੂਝੈ—ਸਮਝਦਾ ਹੈ। ਬੁਝਾਏ—ਸਮਝ ਬਖ਼ਸ਼ਦਾ ਹੈ। ਦ੍ਰਿੜ੍ਹਾਏ—ਹਿਰਦੇ ਵਿਚ ਪੱਕਾ ਕਰਦਾ ਹੈ। ਜਾਤਾ—ਡੂੰਘੀ ਸਾਂਝ ਪਾ ਲਈ। ਸੇ ਜਨ—ਉਹ ਮਨੁੱਖ {ਬਹੁ-ਵਚਨ}। ਦਰਿ—ਪ੍ਰਭੂ ਦੇ ਦਰ ਤੇ।4।

ਅਰਥ:- ਹੇ ਭਾਈ! ਜਿਹੜਾ ਮਨੁੱਖ (ਪਰਮਾਤਮਾ ਦੀ) ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ, ਆਦਰ ਪ੍ਰਾਪਤ ਕਰਦਾ ਹੈ।1। ਰਹਾਉ।

ਹੇ ਭਾਈ! ਪ੍ਰਭੂ ਦੀ ਬਖ਼ਸ਼ਸ਼ ਤੋਂ ਬਿਨਾ ਸਾਰੀ (ਲੋਕਾਈ) ਨੂੰ ਭਟਕਣਾ ਨੇ ਕੁਰਾਹੇ ਪਾ ਰੱਖਿਆ ਹੈ, ਮਾਇਆ ਦੇ ਮੋਹ ਵਿਚ ਫਸ ਕੇ (ਲੋਕਾਈ) ਬਹੁਤ ਦੁਖ ਪਾਂਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਰਹਿੰਦੇ ਹਨ। (ਮੋਹ-ਗ੍ਰਸਿਆ ਮਨੁੱਖ) ਆਤਮਕ ਸ਼ਾਂਤੀ ਦਾ ਟਿਕਾਣਾ ਪ੍ਰਾਪਤ ਨਹੀਂ ਕਰ ਸਕਦਾ (ਵਿਕਾਰਾਂ ਵਿਚ ਹੀ ਫਸਿਆ ਰਹਿੰਦਾ ਹੈ, ਜਿਵੇਂ) ਗੰਦ ਦਾ ਕੀੜਾ ਗੰਦ ਵਿਚ ਹੀ ਮਸਤ ਰਹਿੰਦਾ ਹੈ।1।

ਹੇ ਭਾਈ! ਜਿਨ੍ਹਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਭਗਤੀ ਦਾ ਲੇਖ ਲਿਖਿਆ ਹੁੰਦਾ ਹੈ, ਉਹ ਸਦਾ-ਥਿਰ ਹਰਿ-ਨਾਮ ਵਿਚ ਰੰਗੇ ਰਹਿੰਦੇ ਹਨ। ਪਰਮਾਤਮਾ ਦਾ ਨਾਮ ਸਦਾ ਉਹਨਾਂ ਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ। ਗੁਰੂ ਦੀ ਬਾਣੀ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ, ਬਾਣੀ ਉਹਨਾਂ ਦੀ ਜਿੰਦ ਨੂੰ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦੀ ਹੈ।2।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਜਗਤ ਨੂੰ (ਵਿਕਾਰਾਂ-ਭਰੇ ਸਮੁੰਦਰ ਤੋਂ) ਪਾਰ ਲੰਘਾਂਦਾ ਹੈ, ਪਰ ਨਾਮ ਦਾ ਪਿਆਰ ਗੁਰੂ ਦੀ ਕਿਰਪਾ ਨਾਲ ਬਣਦਾ ਹੈ। ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਮਨੁੱਖ ਨੇ ਵਿਕਾਰਾਂ ਤੋਂ

ਖ਼ਲਾਸੀ ਹਾਸਲ ਨਹੀਂ ਕੀਤੀ। ਨਾਮ ਪੂਰੇ ਗੁਰੂ ਤੋਂ ਮਿਲਦਾ ਹੈ।3।

ਹੇ ਭਾਈ! (ਆਤਮਕ ਜੀਵਨ ਦਾ ਸਹੀ ਰਸਤਾ) ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ, ਪਰਮਾਤਮਾ ਉਸ ਨੂੰ ਗੁਰੂ ਦੀ ਸਰਨ ਪਾ ਕੇ ਉਸ ਦੇ ਹਿਰਦੇ ਵਿਚ ਆਪਣਾ ਨਾਮ ਪੱਕਾ ਕਰਦਾ ਹੈ। ਹੇ ਨਾਨਕ! ਜਿਨ੍ਹਾਂ ਨੇ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਉਹ ਪਰਮਾਤਮਾ ਦੇ ਦਰ ਤੇ ਕਬੂਲ ਹੋ ਗਏ, ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਗਏ, ਪਰਮਾਤਮਾ ਦੇ ਦਰ ਤੇ ਉਹਨਾਂ ਨੂੰ ਆਦਰ ਮਿਲਿਆ।4।10।